# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20 Pm

## ਮਿਤੀ: 03-04-2025

- ਰਾਜਸਭਾ ਵਿਚ ਵਕਫ਼ ਤਰ੍ਮੀਮੀ ਬਿਲ 2025 ਨੂੰ ਵਿਚਾਰਨ ਅਤੇ ਪਾਸ ਕਰਨ ਲਈ ਪੇਸ਼ ਕੀਤਾ ਗਿਆ.
- ਭਾਰਤ ਅਤੇ ਥਾਈਲੈਂਡ ਨੇ ਅੱਜ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ ਛੇ ਸਮਝੌਤਿਆਂ 'ਤੇ ਦਸਤਖਤ ਕੀਤੇ ਨੇ.
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਵਲੋ ਕਰਤਾਰਪੁਰ ਕੋਰੀਡੋਰ ਤੋ ਕੀਤੀ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਦੀ ਸ਼ੁਰੂਆਤ।
- ਪੰਜਾਬ ਸਰਕਾਰ ਨੇ ਪੱਟੀਦਰਜ ਜਾਤਾਂ ਨਾਲ ਸੰਬਧਿਤ ਅਤੇ ਦੀਵਿਆਂਗਜਨਾਂ ਚੋਂ ਲਾਭਪਾਤਰੀਆਂ ਨੂੰ ਮਾਲੀ ਸਾਲ 2024-25 ਦੌਰਾਨ ਸਬਸਿਡੀ ਨਾਲ 9.14 ਕਰੋੜ ਰੁਪਏ ਦੀ ਰਕਮ ਕਰਜ਼ੇ ਦੇ ਰੂਪ ਵਿੱਚ ਜਾਰੀ ਕੀਤੀ ਏ.
- ਪੰਜਾਬ ਮੰਤਰੀ ਮੰਡਲ ਵਲੋਂ ਵਖ ਵਖ ਖੇਤਰਾਂ ਨਾਲ ਸੰਬੰਧਿਤ 3 ਅਹਿਮ ਫੈਸਲੇ ਲਏ ਗਏ ਨੇ.

- ਸੀਨੀਅਰ ਮਰਦਾਂ ਦੀ 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ ਭਲਕੇ ਉੱਤਰ ਪ੍ਰਦੇਸ਼'ਚ ਝਾਂਸੀ ਦੇ ਮੇਜਰ ਧਿਆਨ ਚੰਦ ਹਾਕੀ ਸਟੇਡੀਅਮ ਵਿਖੇ ਸ਼ੁਰੂ ਹੋਣ ਜਾ ਰਹੀ ਏ.

**---------------------------------------------------------------------------------**

ਰਾਜ ਸਭਾ ਵਕਫ਼ (ਤਰ੍ਮੀਮੀ) ਬਿੱਲ, 2025 'ਤੇ ਬਹਿਸ ਕਰ ਰਹੀ ਏ। ਵਕਫ਼ (ਤਰ੍ਮੀਮੀ) ਬਿੱਲ, 2025 ਦਾ ਉਦੇਸ਼ ਵਕਫ਼ ਸੰਪਤੀਆਂ ਦੇ ਪ੍ਰਬੰਧ ਨੂੰ ਸੁਚਾਰੂ ਬਣਾਉਣਾ ਏ, ਜਿਸ ਵਿੱਚ ਵਿਰਾਸਤੀ ਸਥਾਨਾਂ ਦੀ ਸੁਰੱਖਿਆ ਅਤੇ ਸਮਾਜਿਕ ਭਲਾਈ ਨੂੰ ਉਤਸ਼ਾਹਿਤ ਕਰਨ ਦੇ ਪ੍ਰਬੰਧ ਨੇ. ਇਸ ਕਾਨੂੰਨ ਦਾ ਉਦੇਸ਼ ਸੰਪਤੀਆਂ ਦੇ ਪ੍ਰਬੰਧ ਵਿੱਚ ਪਾਰਦਰਸ਼ਤਾ ਵਧਾਉਣਾ, ਵਕਫ਼ ਬੋਰਡਾਂ ਅਤੇ ਸਥਾਨਕ ਅਧਿਕਾਰੀਆਂ ਦਰਮਿਆਨ ਤਾਲਮੇਲ ਨੂੰ ਸੁਚਾਰੂ ਬਣਾਉਣਾ ਅਤੇ ਹਿੱਸੇਦਾਰਾਂ ਦੇ ਅਧਿਕਾਰਾਂ ਦੀ ਰਾਖੀ ਕਰਨਾ ਏ. ਇਹ ਬਿੱਲ ਮੁਸਲਮਾਨ ਔਰਤਾਂ, ਖਾਸ ਕਰਕੇ ਵਿਧਵਾਵਾਂ ਅਤੇ ਤਲਾਕਸ਼ੁਦਾ ਔਰਤਾਂ ਦੀ ਆਰਥਿਕ ਅਤੇ ਸਮਾਜਿਕ ਸਥਿਤੀ ਨੂੰ ਬਿਹਤਰ ਬਣਾਉਣ ਦੀ ਵੀ ਕੋਸ਼ਿਸ਼ ਕਰਦਾ ਏ। **ਪੇਸ਼ ਏ ਇੱਕ ਰਿਪੋਰਟ** -

ਇਹ ਬਿੱਲ ਵਕਫ਼ ਬੋਰਡ ਨੂੰ ਵਧੇਰੇ ਸਮਾਵੇਸ਼ੀ ਬਣਾਉਣ ਦਾ ਉਦੇਸ਼ ਰੱਖਦਾ ਏ , ਜਿਸ ਵਿੱਚ ਬਿਹਤਰ ਵਕਫ਼ ਸ਼ਾਸਨ ਅਤੇ ਫੈਸਲਾ ਲੈਣ ਲਈ

ਵੱਖ-ਵੱਖ ਮੁਸਲਿਮ ਸੰਪਰਦਾਵਾਂ ਦੀ ਪ੍ਰਤੀਨਿਧਤਾ ਹੋਵੇ । ਬਿੱਲ ਪੇਸ਼ ਕਰਦਿਆਂ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਇਹ ਬਿੱਲ ਹਿੱਸੇਦਾਰਾਂ ਦੇ ਨਾਲ-ਨਾਲ ਸਾਂਝੀ ਸੰਸਦੀ ਕਮੇਟੀ ਵਿੱਚ ਵਿਸਥਾਰ ਪੂਰਨ ਸਲਾਹ-ਮਸ਼ਵਰੇ ਤੋਂ ਬਾਅਦ ਲਿਆਂਦਾ ਗਿਆ ਏ । ਉਨ੍ਹਾਂ ਵਿਰੋਧੀ ਪਾਰਟੀਆਂ ਨੂੰ ਇਸ ਬਿੱਲ ਦੀ ਹਮਾਇਤ ਕਰਨ ਦੀ ਅਪੀਲ ਕੀਤੀ। ਵਿਰੋਧੀ ਧਿਰ ਦੇ ਇਲਜ਼ਾਮਾਂ ਨੂੰ ਰੱਦ ਕਰਦਿਆਂ, ਉਨ੍ਹਾਂ ਕਿਹਾ ਕਿ ਵਕਫ਼ ਦਾ ਲਾਭ ਸਿਰਫ਼ ਮੁਸਲਮਾਨਾਂ ਨੂੰ ਹੀ ਮਿਲ ਸਕਦਾ ਏ ਅਤੇ ਕੋਈ ਵੀ ਗੈਰ-ਮੁਸਲਿਮ ਵਕਫ਼ ਜਾਇਦਾਦਾਂ ਦੇ ਪ੍ਰਬੰਧ ਵਿੱਚ ਦਖਲ ਨਹੀਂ ਦੇਵੇਗਾ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬਿੱਲ ਦਾ ਉਦੇਸ਼ ਵਕਫ਼ ਜਾਇਦਾਦਾਂ ਦੇ ਬਿਹਤਰ ਪ੍ਰਬੰਧ ਨੂੰ ਯਕੀਨੀ ਬਣਾਉਣਾ ਏ ਨਾ ਕਿ ਮੁਸਲਮਾਨਾਂ ਦੀਆਂ ਧਾਰਮਿਕ ਵਿਧੀਆਂ ਵਿੱਚ ਦਖਲ ਦੇਣਾ-**BYTE –** ਇਥੇ ਇਹ ਜ਼ਿਕਰ ਯੋਗ ਏ ਕਿ ਲੋਕ ਸਭਾ ਵਲੋਂ ਇਹ ਬਿਲ ਬੀਤੀ ਰਾਤ ਪਾਸ ਕਰ ਦਿੱਤਾ ਗਿਆ ਸੀ. ਬਹਿਸ ਵਿੱਚ ਹਿੱਸਾ ਲੈਂਦਿਆਂ, ਕਾਂਗਰਸ ਦੇ ਡਾ. ਸਈਅਦ ਨਸੀਰ ਹੁਸੈਨ ਨੇ ਕਿਹਾ ਕਿ ਇਹ ਬਿੱਲ ਗੁੰਮਰਾਹਕੁੰਨ ਏ ਅਤੇ ਇਸਨੂੰ ਫਿਰਕੂ ਧਰੁਵੀਕਰਨ ਦੇ ਇਰਾਦੇ ਨਾਲ ਲਿਆਂਦਾ ਗਿਆ ਏ. ਉਨ੍ਹਾਂ ਇਲ੍ਜ਼ਾਮ ਲਾਇਆ ਕਿ ਭਾਜਪਾ ਭਾਈਚਾਰਿਆਂ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੀ ਏ ।

---------------------------------------------------

ਭਾਰਤ ਅਤੇ ਥਾਈਲੈਂਡ ਨੇ ਅੱਜ ਸੂਚਨਾ ਤਕਨਾਲਜੀ, ਸਮੁੰਦਰੀ ਖੇਤਰ, MSME, ਦਸਤਕਾਰੀ ਅਤੇ ਹੱਥ-ਖੱਡੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ ਛੇ ਸਮਝੌਤਿਆਂ 'ਤੇ ਦਸਤਖਤ ਕੀਤੇ ਨੇ. ਅੱਜ ਦੁਪਹਿਰ ਬਾਅਦ ਬੈਂਕਾਕ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਉਨ੍ਹਾਂ ਦੇ ਥਾਈ ਹਮਰੁਤਬਾ ਪੈਟੋਂਗ-ਟਾਰਨ ਸ਼ਿਨਾ-ਵਾਤਰਾ ਦਰਮਿਆਨ ਦੁਵੱਲੀ ਗੱਲਬਾਤ ਤੋਂ ਬਾਅਦ ਇਨ੍ਹਾਂ ਸਮਝੌਤਿਆਂ ਦਾ ਵਟਾਂਦਰਾ ਕੀਤਾ ਗਿਆ। ਦੋਵਾਂ ਧਿਰਾਂ ਨੇ ਸਮੁੱਚੇ ਦੁਵੱਲੇ ਸਬੰਧਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਭਾਰਤ-ਥਾਈਲੈਂਡ ਦੁਵੱਲੀ ਭਾਈਵਾਲੀ ਨੂੰ ਹੋਰ ਰਫਤਾਰ ਦੇਣ ਦੇ ਤਰੀਕਿਆਂ 'ਤੇ ਚਰਚਾ ਕੀਤੀ. ਖੇਤਰੀ ਅਤੇ ਬਹੁਪੱਖੀ ਮੁੱਦਿਆਂ 'ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ । ਪ੍ਰਧਾਨ ਮੰਤਰੀ ਮੋਦੀ ਨੂੰ ਰਸਮੀ ਗਾਰਡ ਆਫ਼ ਆਨਰ ਪ੍ਰਦਾਨ ਕੀਤਾ ਗਿਆ. ਦੁਵੱਲੀ ਗੱਲਬਾਤ ਤੋਂ ਬਾਅਦ ਆਪਣੇ ਸਾਂਝੇ ਬਿਆਨ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਭਾਰਤ-ਥਾਈਲੈਂਡ ਸਬੰਧਾਂ ਨੂੰ ਰਣਨੀਤਕ ਭਾਈਵਾਲੀ ਤੱਕ ਉਪਰ ਉਠਾਉਣ ਦੇ ਫੈਸਲੇ ਦਾ ਐਲਾਨ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਦੀ 'ਐਕਟ ਈਸਟ' ਨੀਤੀ ਅਤੇ ਭਾਰਤ – ਪ੍ਰਸ਼ਾਂਤ ਦ੍ਰਿਸ਼ਟੀ ਕੋਣ ਵਿੱਚ ਥਾਈਲੈਂਡ ਦਾ ਵਿਸ਼ੇਸ਼ ਸਥਾਨ ਏ । ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਦੋਵਾਂ ਦੇਸ਼ਾਂ ਦੀਆਂ ਸੁਰੱਖਿਆ ਏਜੰਸੀਆਂ ਦਰਮਿਆਨ 'ਰਣਨੀਤਕ ਗੱਲਬਾਤ' ਕਾਇਮ ਕਰਨ 'ਤੇ ਚਰਚਾ ਕੀਤੀ ।

------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ  ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੋ ਪੈਦਲ ਯਾਤਰਾ ਦੀ ਸ਼ੁਰੂਆਤ ਕਰਦਿਆਂ ਸੂਬਾ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਹੋਣ ਦੀ ਅਪੀਲ ਕੀਤੀ ਗਈ । ਪੰਜਾਬ ਦੇ ਦੋ ਸਰਹੱਦੀ ਜ਼ਿਲੇ ਗੁਰਦਾਸਪੁਰ ਅਤੇ ਅੰਮ੍ਰਿਤਸਰ ਚ ਇਹ ਪੈਦਲ ਯਾਤਰਾ 5 ਦਿਨ ਚੱਲੇਗੀ. ਇਸ ਮੌਕੇ ਆਪਣੇ ਸੰਬੋਧਨ ‘ਚ ਰਾਜਪਾਲ ਨੇ ਕਿਹਾ ਕਿ ਉਹ ਖ਼ੁਦ ਪੈਦਲ ਚੱਲਣ ਆਏ ਨੇ ਤਾਂ ਜੋ ਪੰਜਾਬ ਭਰ ਅਤੇ ਦੇਸ਼ ਨੂੰ ਨਸ਼ਾ ਮੁਕਤ ਹੋਣ ਦਾ ਸੁਨੇਹਾ ਦਿੱਤਾ ਜਾਵੇ. ਓਹਨਾਂ ਇਹ ਵੀ ਕਿਹਾ ਕਿ ਪੰਜਾਬ, ਰੰਗਲਾ ਪੰਜਾਬ ਉਦੋ ਹੀ ਬਣੇਗਾ, ਜਦ ਨਸ਼ਾ ਮੁਕਤ ਹੋਵੇਗਾ. ਇਹ ਕਹਿੰਦਿਆਂ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਏ , ਓਹਨਾ ਛੋਟੇ ਸਾਹਿਬਜ਼ਾਦਿਆਂ  ਦੀ ਸ਼ਹਾਦਤ ਦੀ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਅੱਜ ਨੋਜਵਾਨ ਪੀੜੀ ਨੂੰ ਲੋੜ ਏ ਓਹ, ਓਹਨਾ ਦੇ ਦਿਖਾਏ ਮਾਰਗ ਤੇ ਚੱਲਣ. ਓਹਨਾਂ ਨੇ ਨਸ਼ਿਆਂ ਵਿਰੁਧ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਲੋੜ੍ਹ ‘ਤੇ ਜ਼ੋਰ ਦਿੱਤਾ –

**BYTE -**

ਇਸ ਪੈਦਲ ਯਾਤਰਾ ਵਿੱਚ ਜਵਾਨਾਂ, ਖਿਡਾਰੀਆਂ, ਵਿਦਿਆਰਥੀਆਂ, ਲੇਖਕਾਂ, ਬੁੱਧੀਜੀਵੀਆਂ, ਵੱਖ-

ਵੱਖ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ, ਪੰਚਾਇਤੀ ਨੁਮਾਇੰਦਿਆਂ ਦੇ ਨਾਲ ਆਮ ਲੋਕਾਂ ਨੇ ਵੀ ਹਿੱਸਾ ਲਿਆ।

---------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਏ ਕੀ ਸੂਬਾ ਸਰਕਾਰ ਪੰਜਾਬ ਪੁਲਿਸ ਨੂੰ ਵਧੀਆ ਗੁਣਵਤਾਦੀ ਢਾਂਚਾਗਤ ਸਹੂਲਤਾਂ ਨਾਲ ਲੈਸ ਕਰ ਰਹੀ ਏ ਅਤੇ ਇਸਨੂੰ ਵਿਗਿਆਨਿਕ ਲੀਹਾਂ ਤੇ ਆਧੁਨਿਕ ਬਣਾ ਰਹੀ ਏ ਤਾਂ ਜੋ ਫੋਰਸ ਕਾਨੂੰਨ ਵਿਵਸਥਾ ਦੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਦੇ ਯੋਗ ਹੋ ਸਕੇ. ਸੂਬੇ ਭਰ ਦੇ ਥਾਣਿਆਂ ਲਈ ਫਿਲੌਰ ਤੋਂ 139 ਨਵੇਂ ਵਾਹਨਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਸੂਬੇ ਭਰ ਦੇ ਸਾਰੇ 454 ਥਾਣਿਆਂ ਦੇ SHOs ਨੂੰ ਨਵੇਂ ਵਾਹਨ ਮਿਲੇ ਨੇ. ਮੁੱਖ ਮੰਤਰੀ ਨੇ ਕਿਹਾ ਕਿ ਸਰਹੱਦੀ ਸੂਬਾ ਹੋਣ ਦੇ ਨਾਤੇ ਕਈ ਵਿਰੋਧੀ ਤਾਕਤਾਂ ਸੂਬੇ ਦੀ ਸ਼ਾਂਤੀ ਭੰਗ ਕਰਨ ਲਈ ਨਾਪਾਕ ਮਨਸੂਬੇ ਘੜ ਰਹੀਆਂ ਨੇ ਪਰ ਪੰਜਾਬ ਪੁਲਿਸ ਨੇ ਹਮੇਸ਼ਾ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕੀਤਾਏ । ਉਹਨਾਂ ਕਿਹਾ ਕਿ ਸੂਬੇ ਨੂੰ ਦਰਪੇਸ਼ ਵੱਡੀਆਂ ਚੁਨੌਤੀਆਂ ਨੂੰ ਦੂਰ ਕਰਨ ਲਈ ਇਹ ਜਰੂਰੀ ਏ ਕਿ ਪੁਲਿਸ ਫੋਰਸ ਨੂੰ ਜਾਂਚ ਵਿਗਿਆਨ ਅਤੇ ਤ੍ਰੇਕਨੋਲ੍ਜੀ ਖੇਤਰ ਵਿੱਚ ਉੱਨਤ ਜਰੂਰਤਾਂ ਅਨੁਸਾਰ ਅਪਡੇਟ ਕੀਤਾ ਜਾਵੇ।

---------------------------------------------------------

ਪੰਜਾਬ ਸਰਕਾਰ ਨੇ ਪੱਟੀਦਰਜ ਜਾਤਾਂ ਨਾਲ ਸੰਬਧਿਤ ਅਤੇ ਦੀਵਿਆਂਗਜਨਾਂ ਚੋਂ 522 ਲਾਭਪਾਤਰੀਆਂ ਨੂੰ ਮਾਲੀ ਸਾਲ 2024-25 ਦੌਰਾਨ 9.14 ਕਰੋੜ ਰੁਪਏ ਦੀ ਰਕਮ ਕਰਜ਼ੇ ਦੇ ਰੂਪ ਵਿੱਚ ਜਾਰੀ ਕੀਤੀ ਏ , ਜਿਸ ਵਿੱਚ 1.46 ਕਰੋੜ ਰੁਪਏ ਦੀ ਸਬਸਿਡੀ ਵੀ ਸ਼ਾਮਲ ਏ । ਇਹ ਜਾਣਕਾਰੀ ਸੂਬੇ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ ।ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਸਮਾਜਿਕ ਤੌਰ ‘ਤੇ ਪਿੱਛੜੇ ਅਤੇ ਹਾਸ਼ੀਆਗਤ ਲੋਕਾਂ ਨੂੰ ਵਿਦਿਅਕ, ਆਰਥਿਕ ਅਤੇ ਸਮਾਜਿਕ ਰੂਪ ਵਿੱਚ ਮਜ਼ਬੂਤ ਬਣਾਉਣ ਲਈ ਨਿਰੰਤਰ ਯਤਨਸ਼ੀਲ ਏ । ਉਨ੍ਹਾਂ ਕਿਹਾ ਕਿ ਪੰਜਾਬ ਪੱਟੀਦਰਜ ਜਾਤਾਂ ਅਤੇ ਦਿਵਿਆਂਗਜਨਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਉਨ੍ਹਾਂ ਨੂੰ ਸਵੈ-ਰੁਜ਼ਗਾਰ ਅਤੇ ਉਚੇਰੀ ਸਿੱਖਿਆ ਵਾਸਤੇ , ਰਿਆਇਤੀ ਵਿਆਜ ਦਰਾਂ ‘ਤੇ ਕਰਜਾ ਪ੍ਰਦਾਨ ਕਰ ਰਹੀ ਏ । ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ ਪੱਟੀ ਦਰਜ ਜਾਤਾਂ ਨਾਲ ਸੰਬੰਧਿਤ ਕੋਈ ਵੀ ਵਿਅਕਤੀ ਜਿਸਦੀ ਉਮਰ 18 ਤੋਂ 55 ਸਾਲ ਦਰਮਿਆਨ ਹੋਵੇ ਤੇ ਜਿਸਦੀ ਸਾਲਾਨਾ ਆਮਦਨ 3 ਲੱਖ ਰੁਪਏ ਤੱਕ ਹੋਵੇ, ਸਵੈ-ਰੁਜ਼ਗਾਰ ਜਾਂ ਉਚੇਰੀ ਸਿੱਖਿਆ ਲਈ ਕਰਜ਼ਾ ਲੈ ਸਕਦਾ ਏ ।

ਇਸੇ ਤਰ੍ਹਾਂ 18 ਤੋਂ 60 ਸਾਲ ਤੱਕ ਦਾ ਕੋਈ ਵੀ ਦਿਵਿਆਂਗ ਵਿਅਕਤੀ, ਜੋ ਕਿ 40 ਫੀਸਦੀ ਜਾਂ ਇਸ ਤੋਂ ਵੱਧ ਦਿਵਿਆਂਗ ਹੋਵੇ, ਭਾਵੇਂ ਉਹ ਕਿਸੇ ਵੀ ਜਾਤੀ ਨਾਲ ਸਬੰਧਤ ਹੋਵੇ, ਉਹ ਵੀ ਇਹ ਕਰਜ਼ਾ ਲੈ ਸਕਦਾ ਏ। ਡਾ. ਬਲਜੀਤ ਕੌਰ ਨੇ ਅੱਗੇ ਕਿਹਾ ਕਿ ਸਰਕਾਰ ਸਮਾਜਿਕ ਅਤੇ ਆਰਥਿਕ ਤੌਰ 'ਤੇ ਪਿੱਛੜੇ ਵਰਗਾਂ ਨੂੰ ਉਤਸ਼ਾਹਤ ਕਰਨ ਲਈ ਨਵੇਂ ਉਪਰਾਲੇ ਕਰ ਰਹੀ ਏ, ਤਾਂ ਜੋ ਉਨ੍ਹਾਂ ਨੂੰ ਰੁਜ਼ਗਾਰ ਅਤੇ ਸਿੱਖਿਆ ਦੇ ਬਰਾਬਰ ਮੌਕੇ ਮਿਲ ਸਕਣ।

-----------------------------------------------------------------

ਮੰਤਰੀ ਨੇ ਇਹ ਜਾਣਕਾਰੀ ਵੀ ਦਿੱਤੀ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਨਰਮੰਦ ਅਤੇ ਆਤਮਨਿਰਭਰ ਬਣਾਉਣ ਦੇ ਉਦੇਸ਼ ਨਾਲ ਗੈਰ-ਸਰਕਾਰੀ ਸੰਸਥਾਵਾਂ NGOs ਨੂੰ 80 ਲੱਖ ਰੁਪਏ ਦੀ ਮਾਲੀ ਸਹਾਇਤਾ ਜਾਰੀ ਕੀਤੀ ਏ। ਓਹਨਾਂ ਦੱਸਿਆ ਕਿ ਸੂਬੇ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਐਨ.ਜੀ.ਓਜ਼ ਰਾਹੀਂ ਨੌਜਵਾਨਾਂ ਅਤੇ ਔਰਤਾਂ ਨੂੰ ਕਟਿੰਗ-ਟੇਲਰਿੰਗ, ਫੈਸ਼ਨ ਡਿਜ਼ਾਇਨਿੰਗ, ਕੰਪਿਊਟਰ, ਟੈਲੀ ਟ੍ਰੇਨਿੰਗ ਅਤੇ ਬਿਊਟੀ ਥੈਰੇਪਿਸਟ ਟ੍ਰੇਨਿੰਗ ਵਰਗੇ ਕੋਰਸਾਂ ਰਾਹੀਂ ਸਵੈ-ਰੋਜ਼ਗਾਰ ਯੋਗ ਬਣਾਉਣ ਲਈ ਉਪਰਾਲੇ ਕੀਤੇ ਜਾ ਰਹੇ ਨੇ. ਕੈਬਨਿਟ ਮੰਤਰੀ ਨੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀਆਂ 4 ਗੈਰ ਸਰਕਾਰੀ ਸੰਸਥਾਵਾਂ ਨੂੰ ਕਟਿੰਗ ਐਂਡ ਟੇਲਰਿੰਗ, ਫੈਸ਼ਨ ਡਿਜ਼ਾਇਨਿੰਗ ਅਤੇ

ਕੰਪਿਊਟਰ ਟ੍ਰੇਨਿੰਗ ਪ੍ਰਾਜੈਕਟਾਂ ਲਈ 40 ਲੱਖ ਰੁਪਏ ਜਾਰੀ ਕਰਨ ਦੀ ਮਨਜ਼ੂਰੀ ਦਿੱਤੀ ਗਈ ਏ। ਇਸ ਤੋਂ ਇਲਾਵਾ, ਸੰਗਰੂਰ ਜ਼ਿਲ੍ਹੇ ਦੀ ਇੱਕ ਸੰਸਥਾ ਨੂੰ ਕਟਿੰਗ ਐਂਡ ਟੇਲਰਿੰਗ ਕੋਰਸ ਲਈ 10 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੀਆਂ 3 ਗੈਰ ਸਰਕਾਰੀ ਸੰਸਥਾਵਾਂ ਨੂੰ ਇਨ੍ਹਾਂ ਕੋਰਸਾਂ ਲਈ 30 ਲੱਖ ਰੁਪਏ ਜਾਰੀ ਕੀਤੇ ਗਏ ਨੇ, ਤਾਂ ਜੋ ਇਨ੍ਹਾਂ ਜ਼ਿਲ੍ਹਿਆਂ ਦੇ ਨੌਜਵਾਨ ਆਪਣੀ ਉਪਜੀਵਿਕਾ ਕਮਾਉਣ ਦੇ ਸਮੱਰਥ ਬਣ ਸਕਣ।

---------------------------------------------------------------

ਪੰਜਾਬ ਮੰਤਰੀ ਮੰਡਲ ਵੱਲੋਂ ਅੱਜ ਕੈਬਿਨਟ ਮੀਟਿੰਗ ਵਿੱਚ ਤਿੰਨ ਅਹਿਮ ਫੈਸਲੇ ਲਏ ਗਏ ਨੇ Iਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਕ ਪ੍ਰੈਸ ਕਾਨਫੰਰਸ ਨੂੰ ਸੰਬੋਧਨ ਕਰਦਿਆਂ ਕਿਹਾ**Byte**

ਇਹਨਾਂ ਫੈਸਲਿਆਂ ਵਿੱਚ 50 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਲਈ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਣਾ ਕੇ 100 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਏ। ਇਸ ਮੁਫਤ ਯਾਤਰਾ ਦੀ ਰਜਿਸਟਰੇਸ਼ਨ ਅਪ੍ਰੈਲ ਦੇ ਆਖਿਰ ਵਿੱਚ ਸ਼ੁਰੂ ਹੋਵੇਗੀ ਅਤੇ ਯਾਤਰਾ ਮਈ ਵਿੱਚ ਸ਼ੁਰੂ ਹੋਵੇਗੀ I ਦੂਜਾ ਫੈਸਲਾ ਸਿੱਖਿਆ ਖੇਤਰ ਨਾਲ ਸੰਬੰਧਿਤ ਏ, ਜਿਸ ਹੇਠ 118 ਅਮੀਨੈਂਸ ਸਕੂਲਾਂ ਵਿੱਚ 80 ਸਕੂਲਾਂ ਨੂੰ ਸਕੂਲ ਮੈਂਟੋਰਸ਼ਿਪ

ਵਜੋਂ ਚੁਣਿਆ ਗਿਆ I ਇਹਨਾਂ 80 ਸਕੂਲਾਂ ਨੂੰ IAS IPS ਅਤੇ ਪੀ.ਸੀ.ਐਸ ਪੱਧਰ ਦੇ ਉੱਚ ਅਧਿਕਾਰੀਆਂ ਵੱਲੋਂ ਪੰਜ ਸਾਲਾਂ ਲਈ ਗੋਦ ਲਿਆ ਜਾਵੇਗਾ ਅਤੇ ਬੱਚਿਆਂ ਨਾਲ ਭਾਵਨਾਤਮਕ ਸਾਂਝ ਪਾ ਕੇ ਉਹਨਾਂ ਵਲੋਂ ਵੱਖ-ਵੱਖ ਖੇਤਰਾਂ ਨੂੰ ਚੁਣਨ ਲਈ ਰਾਹ ਦਸੇਰਾ ਬਣਣਗੇ । ਵਿੱਤ ਮੰਤਰੀ ਚੀਮਾ ਨੇ ਮਾਈਨਿੰਗ ਅਤੇ ਮਿਨਰਲ ਯੋਜਨਾ 2023 ਵਿੱਚ ਕੀਤੀ ਸੋਧ ਬਾਰੇ ਤੀਜੇ ਫੈਸਲੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸੋਧ, ਨਾਲ ਰੇਤਾ ਬਜਰੀ ਦੀਆਂ ਕੀਮਤਾਂ ਘੱਟਣ ਦੇ ਨਾਲ ਨਾਲ ਸਰਕਾਰ ਨੂੰ ਵੀ ਮਾਲੀ ਫਾਇਦਾ ਹੋਵੇਗਾ।

-------------------------------------------------------------------------

ਸੀਨੀਅਰ ਮਰਦਾਂ ਦੀ 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ ਭਲਕੇ ਉੱਤਰ ਪ੍ਰਦੇਸ਼'ਚ ਝਾਂਸੀ ਦੇ ਮੇਜਰ ਧਿਆਨ ਚੰਦ ਹਾਕੀ ਸਟੇਡੀਅਮ ਵਿਖੇ ਸ਼ੁਰੂ ਹੋਣ ਜਾ ਰਹੀ ਏ. ਇਹ ਟੂਰਨਾਮੈਂਟ, ਜੋ 15 ਅਪ੍ਰੈਲ ਤੱਕ ਚੱਲੇਗਾ, ਮਾਰਚ ਵਿੱਚ ਹੋਈ ਸੀਨੀਅਰ ਔਰਤਾਂ ਦੀ ਚੈਂਪੀਅਨਸ਼ਿਪ ਵਾਂਗ ਇੱਕ ਨਵੇਂ ਡਿਵੀਜ਼ਨ-ਅਧਾਰਤ ਫਾਰਮੈਟ 'ਤੇ ਹੋਏਗਾ. ਇਸ ਵਿਚ ਕੁੱਲ 30 ਟੀਮਾਂ ਹਿੱਸਾ ਲੈਣਗੀਆਂ, ਜਿਨ੍ਹਾਂ ਨੂੰ ਤਿੰਨ ਡਿਵੀਜ਼ਨਾਂ ਡਿਵੀਜ਼ਨ ਏ, ਬੀ, ਅਤੇ ਸੀ ਵਿੱਚ ਵੰਡਿਆ ਗਿਆ ਏ.

ਡਿਵੀਜ਼ਨ ਏ, ਜਿਸ ਵਿੱਚ ਚੋਟੀ ਦੀਆਂ 12 ਟੀਮਾਂ ਸ਼ਾਮਲ ਨੇ, ਚੈਂਪੀਅਨਸ਼ਿਪ ਦੇ ਖਿਤਾਬ ਲਈ ਲੜਣਗੀਆਂ। ਡਿਵੀਜ਼ਨ ਬੀ ਵਿੱਚ 10 ਟੀਮਾਂ ਸਿਖਰਲੇ ਪੱਧਰ 'ਤੇ ਤਰੱਕੀ ਲਈ ਮੁਕਾਬਲਾ ਕਰਦੀਆਂ ਨਜ਼ਰ ਆਉਣਗੀਆਂ, ਜਦੋਂ ਕਿ ਡਿਵੀਜ਼ਨ ਸੀ, ਵਿਚਲੀਆਂ ਅੱਠ ਟੀਮਾਂ, ਅਗਲੇ ਸੀਜ਼ਨ ਵਿੱਚ ਡਿਵੀਜ਼ਨ ਬੀ ਵਿੱਚ ਥਾਂ ਬਣਾਉਣ ਲਈ ਮੈਦਾਨ 'ਚ ਉਤਰਨਗੀਆਂ. ਡਿਵੀਜ਼ਨ ਬੀ ਅਤੇ ਸੀ ਵਿੱਚ ਮੈਚ ਭਲਕੇ 4 ਅਪ੍ਰੈਲ ਨੂੰ ਸ਼ੁਰੂ ਹੋਣਗੇ, ਜਦੋਂ ਕਿ ਡਿਵੀਜ਼ਨ ਏ ਦੇ ਮੈਚ 8 ਅਪ੍ਰੈਲ ਤੋਂ ਸ਼ੁਰੂ ਹੋਣਗੇ। ਕੱਲ੍ਹ ਪਹਿਲੇ ਦਿਨ, ਡਿਵੀਜ਼ਨ ਸੀ ਵਿੱਚ ਹਾਕੀ ਰਾਜਸਥਾਨ ਦਾ ਸਾਹਮਣਾ ਤ੍ਰਿਪੁਰਾ ਹਾਕੀ ਨਾਲ, ਹਾਕੀ ਅਰੁਣਾਚਲ ਦਾ ਮੁਕਾਬਲਾ ਹਾਕੀ ਜੰਮੂ-ਕਸ਼ਮੀਰ ਨਾਲ, ਛੱਤੀਸਗੜ੍ਹ ਹਾਕੀ ਦਾ ਮੁਕਾਬਲਾ ਹਾਕੀ ਗੁਜਰਾਤ ਨਾਲ ਅਤੇ ਹਾਕੀ ਹਿਮਾਚਲ ਦਾ ਮੁਕਾਬਲਾ ਹਾਕੀ ਐਸੋਸੀਏਸ਼ਨ ਆਫ਼ ਬਿਹਾਰ ਨਾਲ ਹੋਵੇਗਾ।

-----------------------------------------------------------------------

- ਰਾਜਸਭਾ ਵਿਚ ਵਕਫ਼ ਤਰਮੀਮੀ ਬਿਲ 2025 ਨੂੰ ਵਿਚਾਰਨ ਅਤੇ ਪਾਸ ਕਰਨ ਲਈ ਪੇਸ਼ ਕੀਤਾ ਗਿਆ.
- ਭਾਰਤ ਅਤੇ ਥਾਈਲੈਂਡ ਨੇ ਅੱਜ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਲਈ ਛੇ ਸਮਝੌਤਿਆਂ 'ਤੇ ਦਸਤਖਤ ਕੀਤੇ ਨੇ.

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਵਲੋ ਕਰਤਾਰਪੁਰ ਕੋਰੀਡੋਰ ਤੋ ਕੀਤੀ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਦੀ ਸ਼ੁਰੂਆਤ ।
- ਪੰਜਾਬ ਸਰਕਾਰ ਨੇ ਪੱਟੀਦਰਜ ਜਾਤਾਂ ਨਾਲ ਸੰਬਧਿਤ ਅਤੇ ਦੀਵਿਆਂਗਜਨਾਂ ਚੋਂ ਲਾਭਪਾਤਰੀਆਂ ਨੂੰ ਮਾਲੀ ਸਾਲ 2024-25 ਦੌਰਾਨ ਸਬਸਿਡੀ ਨਾਲ 9.14 ਕਰੋੜ ਰੁਪਏ ਦੀ ਰਕਮ ਕਰਜ਼ੇ ਦੇ ਰੂਪ ਵਿੱਚ ਜਾਰੀ ਕੀਤੀ ਏ.
- ਪੰਜਾਬ ਮੰਤਰੀ ਮੰਡਲ ਵਲੋਂ ਵਖ ਵਖ ਖੇਤਰਾਂ ਨਾਲ ਸੰਬੰਧਿਤ 3 ਅਹਿਮ ਫੈਸਲੇ ਲਏ ਗਏ ਨੇ.
- ਸੀਨੀਅਰ ਮਰਦਾਂ ਦੀ 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ ਭਲਕੇ ਉੱਤਰ ਪ੍ਰਦੇਸ਼'ਚ ਝਾਂਸੀ ਦੇ ਮੇਜਰ ਧਿਆਨ ਚੰਦ ਹਾਕੀ ਸਟੇਡੀਅਮ ਵਿਖੇ ਸ਼ੁਰੂ ਹੋਣ ਜਾ ਰਹੀ ਏ.